# ਸੋਮਵਾਰ 25 ਦਸੰਬਰ 2017 ਤੋਂ ਐਤਵਾਰ 31 ਦਸੰਬਰ 2017 ਤੱਕ

- **26.12.17 ਮੰਗਲਵਾਰ:-** ਜਨਮ ਦਿਨ ਸ਼ਹੀਦ ਸ ਊਧਮ ਸਿੰਘ ਜੀ (Boxing day)
- 26-28 ਦਸੰਬਰ ਸ਼ਹੀਦੀ ਛੋਟੇ ਸਾਹਿਬਜ਼ਾਦੇ

- **27.12.17 ਬੁੱਧਵਾਰ: - 4.30 ਵਜ਼ੇ:-** ਸਾਧ ਸੰਗਤ ਵੱਲੌਂ ਸ੍ਰੀ ਸੁਖਮਨੀ ਸਾਹਿਬ ਦੇ ਪਾਠ 4.30 ਵਜ਼ੇ ਹੋਣਗੇ , ਰਹਿਰਾਸ ਦੇ ਪਾਠ ਉਪਰੰਤ ਦੀਵਾਨ ਸੱਜਣਗੇ ਹਜ਼ੂਰੀ ਜਥਾ ਕੀਰਤਨ ਕਰੇਗਾ **ਦੇਗਾਂ ਦੀਆਂ ਸੇਵਾਵਾਂ:** - ਸ੍ਰ: ਮਨਜੀਤ ਸਿੰਘ ਸੇਖੋਂ, ਸ੍ਰ: ਅਮਰਜੀਤ ਸਿੰਘ , ਸ੍ਰ:ਹਰਜਿੰਦਰ ਸਿੰਘ ਅਤੇ ਬੀਬੀ ਤਰਸੇਮ ਕੌਰ, ਬੀਬੀ ਪਵਨਦੀਪ ਕੌਰ, ਹੀਰਾ ਜਵੈਲਰ, ਨੀਲ ਕਮਲ ਸ ਬਿਕ੍ਰਮਜੀਤ ਸਿੰਘ ਥਾਂਦੀ ਅਤੇ ਬੀਬੀ ਰਣਜੀਤ ਕੌਰ ਅਤੇ ਸ੍ਰ ਸੁਚਾ ਸਿੰਘ ਬੈਂਸ ਪਰਿਵਾਰਾਂ ਵਲੋਂ ਹੋਣਗੀਆਂ।

- **28.12.17 ਵੀਰਵਾਰ:- 6.00 ਵੱਜ਼ੇ:-** ਰਹਿਰਾਸ ਸਾਹਿਬ ਦੇ ਪਾਠ ਹੋਣਗੇ ਉਪਰੰਤ ਹਜ਼ੂਰੀ ਜਥਾ ਸ਼ਬਦ ਕੀਰਤਨ ਕਰੇਗਾ ਅਤੇ ਸਾਰੀ ਸੇਵਾ ਹੋਵੇਗੀ।

**29.12.17 ਸ਼ੁਕਰਵਾਰ: - 10.00 ਵਜ਼ੇ: -** ਸੇਵਾਦਾਰ ਬੀਬੀਆਂ ਵੱਲੋਂ ਚਾਰੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਦੇ ਸਬੰਧ'ਚ ਸ੍ਰੀ ਅਖੰਡ ਪਾਠ ਸਾਹਿਬ 10.00 ਵਜ਼ੇ ਅਰੰਭ ਹੋਣਗੇ ਸਾਰੀ ਸੇਵਾ ਹੋਵੇਗੀ ।

- ਦੇਗਾਂ ਦੀਆਂ ਸੇਵਾਵਾਂ: - ਸ੍ਰ ਸੁਰਜੀਤ ਸਿੰਘ ਸੇਖੋਂ, ਸ੍ਰ: ਸੁਰਜੀਤ ਸਿੰਘ ਸ਼ੇਰਗਿੱਲ ਤੇ ਬੀਬੀ ਗੁਰਦੀਪ ਕੌਰ ਸ਼ੇਰਗਿੱਲ, ਸ੍ਰ: ਅਵਤਾਰ ਸਿੰਘ ਤੇ ਬੀਬੀ ਕੁਲਵਿੰਦਰ ਕੌਰ ਪੁਰੇਵਾਲ, ਬੀਬੀ ਸੁਰਿੰਦਰ ਕੌਰ ਪੁਰੇਵਾਲ, ਸ੍ਰ: ਕਸ਼ਮੀਰ ਸਿੰਘ ਤੇ ਬੀਬੀ ਸੁਰਿੰਦਰ ਕੌਰ ਨਾਗਰਾ, ਸ੍ਰ: ਸੇਵਾ ਸਿੰਘ ਅੱਟਾ ਤੇ ਬੀਬੀ ਅਵਤਾਰ ਕੌਰ ਅੱਟਾ, ਬੀਬੀ ਅਮਰਜੀਤ ਕੌਰ ਸੰਧੂ ਤੇ ਸ੍ਰ: ਗੁਰਦੇਵ ਸਿੰਘ ਔਲਖ ਸ੍ਰ: ਰਣਜੀਤ ਸਿੰਘ ਬਾਸੀ ਤੇ ਸਵ: ਨਿਰਮਲ ਸਿੰਘ ਪੁਰੇਵਾਲ ਦੇ ਪ੍ਰੀਵਾਰਾਂ ਵਲੋਂ ਹੋਣਗੀਆਂ।

**30.12.17 ਸ਼ਨਿਚਰਵਾਰ:**

1. **11.00 ਵਜੇ:-** ਸ੍ਰ ਨਾਰਿੰਦਰ ਸਿੰਘ ਔਜਲਾ ਦੇ ਗ੍ਰਹਿ ਵਿਖੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਹੋਣਗੇ ਅਤੇ ਪੰਜ ਪਿਆਰੇ ਵਾਸਤੇ ਲੰਗਰ ਦੀ ਸੇਵਾ ਹੋਵੇਗੀ।

2. **14.30 ਵਜੇ: -** ਗੁਪਤ ਪਰਿਵਾਰ ਵਲੋਂ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਹੋਣਗੇ ਅਤੇ ਸਾਰੀ ਸੇਵਾ ਹੋਵੇਗੀ ।
3. **4.00 ਵਜ਼ੇ: -** ਸ਼ਾਮ ਨੂੰ ਬੀਬੀਆਂ ਸਿਮਰਨ ਕਰਨਗੀਆਂ ।

- **31.12.17 ਐਤਵਾਰ:- 10.00 ਵਜ਼ੇ: -** ਸੇਵਾਦਾਰ ਬੀਬੀਆਂ ਵੱਲੋਂ ਚਾਰੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਦੇ ਸਬੰਧ'ਚ ਵਲੋਂ ਰਖਾਏ ਹੋਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ 10.00 ਵਜ਼ੇ ਪੈਣਗੇ ਅਤੇ ਸਾਰੀ ਸੇਵਾ ਹੋਵੇਗੀ, ਬਾਅਦ'ਚ ਹਜ਼ੂਰੀ ਜਥਾ ਕੀਰਤਨ ਕਰੇਗਾ ਉਪਰੰਤ ਭਾਈ ਜਰਨੈਲ ਸਿੰਘ ਜੀ ਦਾ ਢਾਡੀ ਜਥਾ ਹਾਜਰੀ ਭਰੇਗਾ।
- ਸ਼ਾਮ ਨੂੰ 5 ਵਜੇ ਤੋਂ 12 ਵਜੇ ਤੱਕ ਸਪੈਸ਼ਲ ਦੀਬਾਨ ਸੱਜਣਗੇ, ਲੰਗਰ ਦੀ ਸੇਵਾ ਸ੍ਰ ਜਸਵਿੰਦਰ ਸਿੰਘ ਚੀਮਾ ਪਰਿਵਾਰ ਵੱਲੋਂ ਹੋਵੇਗੀ।
- ਪੰਜਾਬੀ ਸਕੂਲ ਵਿੱਚ ਛੁਟੀ ਹੈ।
- ******************************************************************************************

- 5 ਜਨਵਰੀ ਪ੍ਰਕਾਸ ਗੁਰੂ ਗੋਬਿੰਦ ਸਿੰਘ ਜੀ
- 6 ਜਨਵਰੀ ਸ਼ਹੀਦੀ ਭਾਈ ਕੇਹਰ ਸਿੰਘ ਜੀ ਅਤੇ ਸਤਵੰਤ ਸਿੰਘ ਜੀ
- 13 ਜਨਵਰੀ ਸੰਗ੍ਰਾਂਦ ਮਾਘ
- 13 ਜਨਵਰੀ ਲੋਹੜੀ
- 18 ਜਨਵਰੀ ਜਨਮ ਦਿਨ ਭਾਈ ਹਿੰਮਤ ਸਿੰਘ ਜੀ
- 26 ਜਨਵਰੀ ਜਨਮ ਦਿਨ ਬਾਬਾ ਦੀਪ ਸਿੰਘ ਜੀ
- 31 ਜਨਵਰੀ ਪ੍ਰਕਾਸ਼ ਗੁਰੂ ਹਰਿਰਾਇ ਜੀ

**Note: - Day & Time to book wedding in the Gurdwara Sahib: -** Wednesday: 11.00 AM –1.00 PM, Saturday: 11.00AM --1.00 PM, Sunday: 1.00PM--2.00PM. Contact S. Sadhu Singh Chhokar (General Secretary) 01274- 727938, Mob:- 07931833376

## ਸਾਕਾ ਸਰਹਿੰਦ : ਨਿੱਕੀਆਂ ਜਿੰਦਾਂ ਦਾ ਵੱਡਾ ਸਾਕਾ


ਮਾਤਾ ਗੁਜਰੀ ਛੋਟੇ ਸਾਹਿਬਜ਼ਾਦਿਆਂ ਨਾਲ


ਸਾਹਿਬਜ਼ਾਦੇ ਸੂਬਾ ਵਜ਼ੀਰ ਖਾਨ ਦੀ ਅਦਾਲਤ ਵਿਚ।


ਸਾਹਿਬਜ਼ਾਦਿਆਂ ਨੂੰ ਨੀਹਾਂ ਵਿਚ ਚਿਣੇ ਜਾਣ ਦਾ ਹੌਲਨਾਕ ਦ੍ਰਿਸ਼।

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਦੁਨੀਆ ਦੇ ਇਤਿਹਾਸ ਵਿਚ ਸਭ ਤੋਂ ਵੱਧ ਦਰਦਨਾਕ ਘਟਨਾ ਅਤੇ ਦਿਲ ਨੂੰ ਕੰਬਾ ਦੇਣ ਵਾਲਾ ਸਾਕਾ ਹੈ। ਇਕ ਪਾਸੇ ਇਹ ਘਟਨਾ ਮਨੁੱਖੀ ਦਰਿੰਦਗੀ ਦਾ ਘਿਨਾਉਣਾ ਚਿੱਤਰ ਪੇਸ਼ ਕਰਦੀ ਹੈ, ਦੂਜੇ ਪਾਸੇ ਸਾਹਿਬਜ਼ਾਦਿਆਂ ਦੇ ਅੰਦਰ ਜੂਝ ਮਰਨ ਅਤੇ ਸਿੱਖੀ ਸਿਦਕ ਦੀ ਭਾਵਨਾ ਦੇ ਸਿਖਰ ਨੂੰ ਪ੍ਰਗਟ ਕਰਦੀ ਹੈ। ਗੁਰੂ ਜੀ ਦੇ ਦੋ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਤੇ ਬਾਬਾ ਜੁਝਾਰ ਸਿੰਘ ਚਮਕੌਰ ਦੀ ਜੰਗ ਵਿਚ ਲੜਦੇ ਹੋਏ ਸ਼ਹੀਦ ਹੋ ਗਏ ਅਤੇ ਦੋ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫ਼ਤਿਹ ਸਿੰਘ ਸੂਬਾ ਸਰਹਿੰਦ ਦੇ ਹੁਕਮ ਨਾਲ ਸ਼ਹੀਦ ਕਰ ਦਿੱਤੇ ਗਏ। ਇਸ ਸ਼ਹਾਦਤ ਦੀ ਮਹਾਨਤਾ ਬਾਰੇ 'ਸ੍ਰੀ ਮੈਥਿਲੀ ਸ਼ਰਨ ਗੁਪਤ' ਨੇ ਲਿਖਿਆ ਹੈ:

ਜਿਸ ਕੁਲ ਜਾਤਿ ਦੇਸ ਕੇ ਬੱਚੇ
ਦੇ ਸਕਤੇ ਹੈਂ ਯੌਂ ਬਲੀਦਾਨ।
ਉਸ ਕਾ ਵਰਤਮਾਨ ਕੁਛ ਭੀ
ਹੋ ਭਵਿਸ਼ਯ ਹੈ ਮਹਾਂ ਮਹਾਨ।

ਸਰਸਾ ਨਦੀ ਵਿਚ ਭਾਰੀ ਹੜ੍ਹ ਅਤੇ ਦੁਸ਼ਮਣਾਂ ਦਾ ਜ਼ੋਰਦਾਰ ਹਮਲੇ ਸਮੇਂ ਗੁਰੂ ਸਾਹਿਬ ਦੇ ਕਾਫਲੇ ਨਾਲੋਂ ਮਾਤਾ ਗੁਜਰੀ ਜੀ, ਬਾਬਾ ਜ਼ੋਰਾਵਰ ਸਿੰਘ ਜੀ ਅਤੇ ਬਾਬਾ ਫ਼ਤਿਹ ਸਿੰਘ ਜੀ ਵਿਛੜ ਗਏ।

ਮਾਤਾ ਗੁਜਰੀ ਜੀ ਅਤੇ ਦੋਵੇਂ ਛੋਟੇ ਸਾਹਿਬਜ਼ਾਦਿਆਂ ਨੂੰ ਗੁਰੂ-ਘਰ ਦਾ ਰਸੋਈਆ ਗੰਗੂ ਮਿਲ ਗਿਆ। ਇਹ ਉਨ੍ਹਾਂ ਨੂੰ ਮੋਰਿੰਡੇ ਕੋਲ ਪਿੰਡ ਸਹੇੜੀ ਆਪਣੇ ਘਰ ਲੈ ਗਿਆ। ਘਰ ਜਾ ਕੇ ਗੰਗੂ ਦਾ ਮਨ ਬੇਈਮਾਨ ਹੋ ਗਿਆ। ਉਸ ਨੇ ਮੋਰਿੰਡੇ ਦੇ ਥਾਣੇਦਾਰ ਨੂੰ ਖ਼ਬਰ ਦੇ ਕੇ ਬੱਚਿਆਂ ਅਤੇ ਮਾਤਾ ਜੀ ਨੂੰ ਗ੍ਰਿਫ਼ਤਾਰ ਕਰਵਾ ਦਿੱਤਾ। ਮੋਰਿੰਡੇ ਦੇ ਥਾਣੇਦਾਰ ਨੇ ਮਾਤਾ ਜੀ ਤੇ ਬੱਚਿਆਂ ਨੂੰ ਸੂਬਾ ਸਰਹਿੰਦ ਦੇ ਹਵਾਲੇ ਕਰ ਦਿੱਤਾ।

ਉਸ ਰਾਤ ਉਨ੍ਹਾਂ ਨੂੰ ਸਰਹਿੰਦ ਕਿਲ੍ਹੇ ਦੇ ਠੰਡੇ ਬੁਰਜ ਵਿਚ ਰੱਖਿਆ ਗਿਆ। ਪੋਹ ਦੀ ਠੰਡੀ ਰਾਤ ਭੁੱਖੇ-ਭਾਣੇ ਦਾਦੀ ਅਤੇ ਨਿੱਕੇ-ਨਿੱਕੇ ਸੋਹਲ ਕਲੀਆਂ ਵਰਗੇ ਪੋਤਰੇ। ਇਸ ਤੋਂ ਵੱਡਾ ਅਤੇ ਕਠਿਨ ਇਮਤਿਹਾਨ ਸ਼ਾਇਦ ਹੀ ਦੁਨੀਆ ਦੇ ਇਤਿਹਾਸ ਵਿਚ ਕਿਸੇ ਨੂੰ ਪਾਸ ਕਰਨਾ ਪਿਆ ਹੋਵੇ। ਰਾਜ ਦੇ ਸਹਿਮ ਅਤੇ ਸਖ਼ਤੀ ਦੇ ਬਾਵਜੂਦ ਭਾਈ ਮੋਤੀ ਰਾਮ ਮਹਿਰਾ ਨੇ ਭਾਰੀ ਜੋਖਮ ਉਠਾ ਕੇ ਇਨ੍ਹਾਂ ਨਿਰਭੈ ਅਤੇ ਨਿਰਵੈਰ ਸੂਰਬੀਰਾਂ ਦੀ ਦੁੱਧ-ਪਾਣੀ ਨਾਲ ਸੇਵਾ ਕੀਤੀ। ਜਿਸ ਦੇ ਨਤੀਜੇ ਵਜੋਂ ਬਾਅਦ ਵਿਚ ਭਾਈ ਮੋਤੀ ਰਾਮ ਮਹਿਰਾ ਨੂੰ ਸਮੇਤ ਪਰਿਵਾਰ ਸ਼ਾਹੀ ਹੁਕਮ ਅਨੁਸਾਰ ਕੋਹਲੂ ਵਿਚ ਪੀੜ ਕੇ ਸ਼ਹੀਦ ਕਰ ਦਿੱਤਾ ਗਿਆ। ਦੂਜੇ ਦਿਨ ਬੱਚਿਆਂ ਨੂੰ ਸੂਬਾ ਸਰਹਿੰਦ ਦੀ ਕਚਹਿਰੀ ਵਿਚ ਪੇਸ਼ ਕੀਤਾ ਗਿਆ। ਕਚਹਿਰੀ ਵਿਚ ਬੱਚਿਆਂ ਨੂੰ ਦੀਨ-ਏ-ਮੁਹੰਮਦੀ ਕਬੂਲ ਕਰਨ ਲਈ ਲਾਲਚ ਦੇਣ ਤੇ ਡਰਾਉਣ-ਧਮਕਾਉਣ ਦੇ ਜਤਨ ਕੀਤੇ ਗਏ। ਉਨ੍ਹਾਂ ਨੂੰ ਝੂਠ ਵੀ ਬੋਲਿਆ ਗਿਆ ਕਿ ਤੁਹਾਡਾ ਪਿਤਾ ਮਾਰਿਆ ਗਿਆ ਹੈ, ਹੁਣ ਤੁਸੀਂ ਕਿੱਥੇ ਜਾਓਗੇ। ਬੱਚਿਆਂ ਨੇ ਸੂਬਾ ਸਰਹਿੰਦ ਨੂੰ ਆਪਣਾ ਧਰਮ ਛੱਡਣ ਤੋਂ ਦਲੇਰੀ ਨਾਲ ਇਨਕਾਰ ਕਰ ਦਿੱਤਾ। ਵਜ਼ੀਰ ਖ਼ਾਨ ਨੇ ਕਾਜ਼ੀ ਦੀ ਰਾਇ ਲਈ ਕਿ ਇਨ੍ਹਾਂ ਬੱਚਿਆਂ ਨੂੰ ਕੀ ਸਜ਼ਾ ਦਿੱਤੀ ਜਾ ਸਕਦੀ ਹੈ। ਕਾਜ਼ੀ ਨੇ ਕਿਹਾ ਕਿ ਇਸਲਾਮ ਵਿਚ ਬੱਚਿਆਂ ਨੂੰ ਸਜ਼ਾ ਦੇਣ ਦੀ ਇਜਾਜ਼ਤ ਨਹੀਂ ਹੈ। ਵਜ਼ੀਰ ਖ਼ਾਨ ਵੀ ਕਿਸੇ ਹੱਦ ਤਕ ਬੱਚਿਆਂ ਦੇ ਕਤਲ ਦਾ ਕਲੰਕ ਆਪਣੇ ਮੱਥੇ 'ਤੇ ਲਾਉਣ ਤੋਂ ਬਚਣਾ ਚਾਹੁੰਦਾ ਸੀ। ਹੁਣ ਉਸ ਨੇ ਨਵਾਬ ਮਲੇਰਕੋਟਲਾ ਨੂੰ ਕਿਹਾ ਕਿ ਉਹ ਚਾਹੇ ਤਾਂ ਆਪਣੀ ਮਰਜ਼ੀ ਅਨੁਸਾਰ ਇਨ੍ਹਾਂ ਬੱਚਿਆਂ ਨੂੰ ਸਜ਼ਾ ਦੇ ਕੇ ਆਪਣੇ ਭਰਾ ਦਾ ਬਦਲਾ ਲੈ ਸਕਦਾ ਹੈ। ਨਵਾਬ ਮਲੇਰਕੋਟਲਾ ਮੁਹੰਮਦ ਸ਼ੇਰ ਖ਼ਾਨ ਨੇ ਅੱਗੋਂ ਕਿਹਾ ਕਿ ਮੇਰਾ ਭਰਾ ਜੰਗ ਵਿਚ ਮਾਰਿਆ ਗਿਆ ਸੀ, ਮੈਂ ਇਨ੍ਹਾਂ ਸ਼ੀਰਖੋਰ ਬੱਚਿਆਂ ਤੋਂ ਕੋਈ ਬਦਲਾ ਨਹੀਂ ਲੈਣਾ ਚਾਹੁੰਦਾ। ਕਾਜ਼ੀ ਅਤੇ ਸ਼ੇਰ ਖ਼ਾਨ ਦੇ ਇਸੇ ਤਰ੍ਹਾਂ ਦੇ ਰਵੱਈਏ ਨੂੰ ਵੇਖਦੇ ਹੋਏ ਵਜ਼ੀਰ ਖ਼ਾਨ ਦੇ ਮਨ ਵਿਚ ਨਰਮੀ ਆਉਣ ਲੱਗੀ ਸੀ, ਪਰ ਦੀਵਾਨ ਸੁੱਚਾ ਨੰਦ ਇਹ ਨਹੀਂ ਸੀ ਚਾਹੁੰਦਾ ਕਿ ਸਾਹਿਬਜ਼ਾਦਿਆਂ ਨੂੰ ਛੱਡਿਆ ਜਾਵੇ। ਇਤਿਹਾਸਕ ਹਵਾਲਿਆਂ ਅਨੁਸਾਰ ਉਸ ਨੇ ਇਕ ਸ਼ੈਤਾਨ ਵਾਂਗ ਸਾਹਿਬਜ਼ਾਦਿਆਂ ਨੂੰ ਕੁਝ ਅਜਿਹੇ ਪ੍ਰਸ਼ਨ ਕੀਤੇ, ਜਿਨ੍ਹਾਂ ਦੇ ਉੱਤਰ ਤੋਂ ਉਨ੍ਹਾਂ ਨੂੰ ਬਾਗ਼ੀ ਸਿੱਧ ਕੀਤਾ ਜਾਵੇ। ਸਾਹਿਬਜ਼ਾਦਿਆਂ ਨੇ ਠੋਕ ਕੇ ਜਵਾਬ ਦਿੱਤਾ: 'ਹਮਰੇ ਬੰਸ ਰੀਤਿ ਇਮ ਆਈ। ਸੀਸ ਦੇਤਿ ਪਰ ਧਰਮ ਨ ਜਾਈ।' ਉਸ ਨੇ ਵਜ਼ੀਰ ਖ਼ਾਨ ਨੂੰ ਵੀ ਉਕਸਾਇਆ ਕਿ ਇਨ੍ਹਾਂ ਬੱਚਿਆਂ ਨੂੰ ਛੱਡਣਾ ਸਿਆਣਪ ਨਹੀਂ ਹੋਵੇਗੀ ਕਿਉਂਕਿ ਇਹ ਬਾਗ਼ੀ ਪਿਤਾ ਦੇ ਬਾਗ਼ੀ ਪੁੱਤਰ ਹਨ ਅਤੇ ਵੱਡੇ ਹੋ ਕੇ ਮੁਗ਼ਲੀਆ ਸਲਤਨਤ ਲਈ ਖ਼ਤਰਾ ਬਣ ਜਾਣਗੇ। ਸੁੱਚਾ ਨੰਦ ਦੀਆਂ ਉਕਸਾਊ ਦਲੀਲਾਂ ਸੁਣ ਕੇ ਵਜ਼ੀਰ ਖ਼ਾਨ ਨੇ ਵੀ ਬੱਚਿਆਂ ਨੂੰ ਸਜ਼ਾ ਦੇਣ ਦਾ ਮਨ ਬਣਾ ਲਿਆ। ਕਾਜ਼ੀ ਤੋਂ ਫਿਰ ਪੁੱਛਿਆ। ਇਸ ਵਾਰ ਕਾਜ਼ੀ ਨੇ ਮਾਲਕਾਂ ਦੀ ਮਰਜ਼ੀ ਅਨੁਸਾਰ ਪਰੰਤੂ ਕੁਰਾਨ ਸ਼ਰੀਫ ਦੀਆਂ ਸਿੱਖਿਆਵਾਂ ਤੋਂ ਉਲਟ ਦੋਹਾਂ ਬੱਚਿਆਂ ਨੂੰ ਕੰਧਾਂ ਵਿਚ ਚਿਣੇ ਜਾਣ ਦਾ ਫ਼ਤਵਾ ਦੇ ਦਿੱਤਾ। ਬੱਚਿਆਂ ਨੂੰ ਕੰਧਾਂ ਵਿਚ ਚਿਣਿਆ ਗਿਆ। ਦੁਨੀਆ ਦੀ ਇਹ ਅਜੀਮ, ਨਿਵੇਕਲੀ, ਲਾਮਿਸਾਲ, ਦਿਲ-ਕੰਬਾਊ ਅਤੇ ਇਤਿਹਾਸਕ ਸ਼ਹੀਦੀ ਨੇ ਭਾਰਤ ਦੇ ਇਤਿਹਾਸ ਦਾ ਵਹਿਣ ਹੀ ਮੋੜ ਦਿੱਤਾ ਅਤੇ ਦੁਨੀਆ ਨੂੰ ਅਸਚਰਜਤਾ ਵਿਚ ਪਾ ਦਿੱਤਾ। ਸਾਹਿਬਜ਼ਾਦਿਆਂ ਨੇ ਆਪਣੇ ਸੀਸ ਭੇਟ ਕਰ ਕੇ ਸਿੱਖ ਕੌਮ ਅਤੇ ਭਾਰਤ ਦਾ ਸੀਸ ਉੱਚਾ ਕਰ ਦਿੱਤਾ। ਸਾਹਿਬਜ਼ਾਦਿਆਂ ਦੀ ਸ਼ਹੀਦੀ ਮਹਿਜ਼ ਸ਼ਹੀਦੀ ਨਹੀਂ ਸਗੋਂ ਇਸ ਤੋਂ ਵੀ ਬਹੁਤ ਵੱਧ ਸੀ। ਉਨ੍ਹਾਂ ਨੂੰ ਮਾਨਸਿਕ ਤੌਰ 'ਤੇ ਭਰਮਾਉਣ ਦਾ ਯਤਨ ਕੀਤਾ ਗਿਆ ਸੀ। ਕਈ ਵਾਰ ਮੌਤ ਦੇ ਭੈਅ ਵਿੱਚੋਂ ਲੰਘਾਇਆ ਗਿਆ ਸੀ ਅਤੇ ਤੜਫਾ-ਤੜਫਾ ਕੇ ਸ਼ਹੀਦ ਕੀਤਾ ਗਿਆ ਸੀ। ਇਹ ਸਾਰਾ ਤਸ਼ੱਦਦ ਉਨ੍ਹਾਂ ਨੇ ਕਿਵੇਂ ਬਰਦਾਸ਼ਤ ਕੀਤਾ, ਇਸ ਦਾ ਅੰਦਾਜ਼ਾ ਵੀ ਨਹੀਂ ਲਗਾਇਆ ਜਾ ਸਕਦਾ। ਉਨ੍ਹਾਂ ਨੇ ਜਬਰ ਦਾ ਮੂੰਹ ਮੋੜ ਕੇ ਦਸਾਂ ਪਾਤਸ਼ਾਹੀਆਂ, ਦੇਸ਼ ਅਤੇ ਕੌਮ ਦੀ ਸ਼ਾਨ ਨੂੰ ਕਾਇਮ ਹੀ ਨਹੀਂ ਰੱਖਿਆ ਸਗੋਂ ਉੱਚਾ ਚੁੱਕਿਆ ਅਤੇ ਖਾਲਸਾ ਪੰਥ ਨੂੰ ਲਾਸਾਨੀ ਅਤੇ ਇਤਿਹਾਸਕ ਫ਼ਤਿਹ ਦਿਵਾਈ। ਇਸ ਸ਼ਹੀਦੀ ਸਬੰਧੀ ਅਲਾਮਾ ਇਕਬਾਲ, ਮੁਗ਼ਲ ਤਾਨਾਸ਼ਾਹਾਂ ਅਤੇ ਦੀਨ-ਏ-ਮੁਹੰਮਦੀ ਦੇ ਠੇਕੇਦਾਰਾਂ ਨੂੰ ਫਿਟਕਾਰ ਪਾਉਂਦੇ ਇਉਂ ਲਿਖਦੇ ਹਨ:

ਕਤਲ-ਏ-ਮਾਸੂਮ ਕਰਤੇ ਹੋ ਔਰ ਇਸੇ ਇਨਸਾਫ਼-ਏ ਖੁਦਾ ਕਹਤੇ ਹੋ।
ਕਿਆ ਇਸੀ ਕੋ ਦੀਨ-ਏ-ਮੁਹੰਮਦ ਕਹਤੇ ਹੋ।

ਬਿਰਧ ਉਮਰੇ ਮਾਤਾ ਗੁਜਰੀ ਜੀ ਵੀ ਠੰਡੇ ਬੁਰਜ ਅੰਤਾਂ ਦੇ ਤਸੀਹੇ ਝਲਦੇ ਹੋਏ ਸ਼ਹੀਦੀ ਪਾ ਗਏ। ਭਾਰਤ ਅਤੇ ਸਿੱਖ ਕੌਮ ਦੇ ਇਤਿਹਾਸ ਵਿਚ ਸੱਚ, ਹੱਕ, ਧਰਮ, ਮਨੁੱਖੀ ਅਧਿਕਾਰ ਅਤੇ ਰਾਸ਼ਟਰੀ ਗੌਰਵ ਲਈ ਕਿਸੇ ਇਸਤਰੀ ਦੀ ਇਹ ਪਹਿਲੀ ਸ਼ਹੀਦੀ ਸੀ।

ਸਾਹਿਬਜ਼ਾਦਿਆਂ ਨੇ ਗੁਰੂ-ਘਰ ਦੇ ਮਹਾਨ ਉਦੇਸ਼ਾਂ ਦੀ ਪੂਰਤੀ ਲਈ ਆਪਣੀਆਂ ਜਾਨਾਂ ਕੁਰਬਾਨ ਕਰ ਦਿੱਤੀਆਂ। ਵਕਤ ਦੀ ਹੈਰਤਅੰਗੇਜ਼ੀ ਅਤੇ ਰਾਜ ਦੀ ਸ਼ਕਤੀ ਦੀ ਦਰਿੰਦਗੀ ਦੀ ਇੰਤਹਾ! ਸੂਬਾ ਸਰਹਿੰਦ ਨੇ ਇਨ੍ਹਾਂ ਸ਼ਹੀਦਾਂ ਦਾ ਸਸਕਾਰ ਕਰਨ ਲਈ ਜਗ੍ਹਾ ਦੇਣ ਲਈ ਸ਼ਰਤ ਰੱਖ ਦਿੱਤੀ, ਜਿਸ ਅਨੁਸਾਰ ਸੂਬਾ ਸਰਹਿੰਦ ਦੇ ਅਹਿਮ ਅਹਿਲਕਾਰ ਪਰੰਤੂ ਗੁਰੂ-ਘਰ ਦੇ ਸ਼ਰਧਾਲੂ ਦੀਵਾਨ ਟੋਡਰ ਮੱਲ ਨੇ ਧਨ ਇਕੱਠਾ ਕਰ ਕੇ ਖੜ੍ਹੀਆਂ ਅਸ਼ਰਫੀਆਂ ਰੱਖ ਕੇ ਸਸਕਾਰ ਲਈ ਜ਼ਮੀਨ ਖ਼ਰੀਦ ਕੇ ਤਿੰਨਾਂ ਸ਼ਹੀਦਾਂ ਦਾ ਸਸਕਾਰ ਕਰ ਦਿੱਤਾ। ਇਥੇ ਅੱਜਕਲ੍ਹ 'ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ' ਸੁਸ਼ੋਭਿਤ ਹੈ। ਬਿਨਾਂ ਸ਼ੱਕ ਦੀਵਾਨ ਟੋਡਰ ਮੱਲ ਪੰਥ ਦਾ ਅਨਮੋਲ ਹੀਰਾ ਸੀ, ਗੁਰੂ-ਘਰ ਦਾ ਅਨਿੰਨ ਸੇਵਕ ਸੀ, ਰੱਬ ਦਾ ਪਿਆਰਾ ਸੀ, ਹੱਕ ਅਤੇ ਸੱਚ ਦਾ ਪਹਿਰੇਦਾਰ ਸੀ। ਇਹ ਦੋਵੇਂ ਭਾਈ ਮੋਤੀ ਰਾਮ ਮਹਿਰਾ ਅਤੇ ਦੀਵਾਨ ਟੋਡਰ ਮੱਲ ਕੌਮ ਦੇ 'ਪੰਥ ਰਤਨ' ਹਨ।

ਖ਼ਾਲਸਾ ਪੰਥ ਅਤੇ ਦੇਸ਼ ਵਾਸੀ ਉਨ੍ਹਾਂ ਮਹਾਨ ਆਤਮਾਵਾਂ—ਛੋਟੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੇ ਸ਼ਹੀਦੀ ਸਾਕੇ ਦੀ ਸਾਲਾਨਾ ਯਾਦ ਸਤਿਕਾਰ ਅਤੇ ਪੂਰਨ ਸ਼ਰਧਾ ਸਹਿਤ ਹਰ ਸਾਲ ਮਨਾਉਂਦੇ ਹਨ। ਹਰ ਰੋਜ਼ ਸੈਂਕੜੇ ਅਤੇ ਤਿੰਨ ਦਿਨਾਂ ਸਾਲਾਨਾ ਸ਼ਹੀਦੀ ਜੋੜ-ਮੇਲੇ ਸਮੇਂ ਲੱਖਾਂ ਸ਼ਰਧਾਲੂ ਦੇਸ਼-ਪ੍ਰਦੇਸ ਅਤੇ ਵਿਦੇਸ਼ ਤੋਂ ਆਪਣੀ ਸ਼ਰਧਾ ਅਤੇ ਸਤਿਕਾਰ ਭੇਟ ਕਰਨ ਲਈ ਆਉਂਦੇ ਹਨ। ਉਨ੍ਹਾਂ ਮਹਾਨ ਹਸਤੀਆਂ ਦੇ ਚਰਨਾਂ ਵਿਚ ਅਸੀਂ ਇਹੋ ਵੱਡੀ ਭੇਟਾ ਰੱਖ ਸਕਦੇ ਹਾਂ ਕਿ ਉਨ੍ਹਾਂ ਦੀ ਮਹਾਨਤਾ ਨੂੰ ਸਮਝੀਏ ਉਨ੍ਹਾਂ ਦੀਆਂ ਭਾਵਨਾਵਾਂ ਦਾ ਸਤਿਕਾਰ ਕਰੀਏ ਅਤੇ ਸਿੱਖੀ ਆਦਰਸ਼ਾਂ 'ਤੇ ਪਹਿਰਾ ਦੇਣ ਦਾ ਪ੍ਰਣ ਕਰੀਏ।

-ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।
ਮੋਬਾਈਲ : 99158-05100.